# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 28-05-2024**

ਪੰਜਾਬ ਵਿਚ ਲੋਕਸਭਾ ਚੋਣਾਂ ਦੇ ਸਤਵੇਂ ਤੇ ਆਖਰੀ ਗੇੜ ਵਿਚ ਪਹਿਲੀ ਜੂਨ ਨੂੰ ਹੋਣ ਵਾਲੀ ਵੋਟਿੰਗ ਲਈ ਹੁਣ ਚੋਣ ਪ੍ਰਚਾਰ ਪੂਰੀ ਤਰ੍ਹਾਂ ਨਾਲ ਭਖਿਆ ਹੋਇਆ ਏ। ਖੁੱਲ੍ਹੇ ਆਮ ਚੋਣ ਪ੍ਰਚਾਰ ਵਿਚ ਹੁਣ ਸਿਰਫ ਤਿੰਨ ਦਿਨ ਬਾਕੀ ਨੇ ਅਤੇ ਵੱਖ ਵੱਖ ਸਿਆਸੀ ਪਾਰਟੀਆਂ ਦੇ ਵੱਡੇ ਆਗੂ ਪ੍ਰਚਾਰ ਵਿਚ ਰੁਝੇ ਹੋਏ ਨੇ। ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਤੇ ਪ੍ਰਧਾਨਮੰਤਰੀ ਨਰੇਂਦਰ ਮੋਦੀ 30 ਮਈ ਨੂੰ ਹੁਸ਼ਿਆਰਪੁਰ ਲੋਕਸਭਾ ਹਲਕੇ ਤੋਂ ਪਾਰਟੀ ਉਮੀਦਵਾਰ ਦੇ ਹੱਕ ਵਿਚ ਚੋਣ ਪ੍ਰਚਾਰ ਕਰਨਗੇ ਜਦਕਿ ਕਾਂਗਰਸ ਆਗੂ ਰਾਹੁਲ ਗਾਂਧੀ ਭਲਕੇ 29 ਮਈ ਨੂੰ ਲੁਧਿਆਣਾ ਤੇ ਪਟਿਆਲਾ ਵਿਚ ਚੋਣ ਰੈਲੀਆਂ ਨੂੰ ਸੰਬੋਧਨ ਕਰਨਗੇ।

---

ਲੋਕ ਸਭਾ ਹਲਕਾ ਸੰਗਰੂਰ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ

ਅਰਵਿੰਦ ਖੰਨਾ ਦੇ ਹੱਕ ਵਿੱਚ ਕੱਲ੍ਹ ਬਰਨਾਲਾ ਸ਼ਹਿਰ ਵਿੱਚ ਇਕ ਰੋਡ ਸ਼ੋ ਕੀਤਾ ਗਿਆ। ਇਸ ਰੋਡ ਸ਼ੋ ਵਿਚ ਭਾਰਤੀ ਜਨਤਾ ਪਾਰਟੀ ਦੇ ਸੂਬਾ ਪ੍ਰਧਾਨ ਸੁਨੀਲ ਕੁਮਾਰ ਜਾਖੜ ਸ਼ਾਮਲ ਹੋਏ। ਆਪਣੇ ਸੰਬੋਧਨ ਵਿੱਚ ਉਨ੍ਹਾਂ ਕਿਹਾ ਕਿ ਭਾਜਪਾ ਹੀ ਇਕ ਅਜਿਹੀ ਪਾਰਟੀ ਏ ਜਿਹੜੀ ਸਾਰੀਆਂ ਦਾ ਸਰਵਪੱਖੀ ਵਿਕਾਸ ਯਕੀਨੀ ਬਣਾ ਸਕਦੀ ਏ। ਉਨਾਂ ਸੂਬਾ ਸਰਕਾਰ ਦੀਆਂ ਨੀਤੀਆਂ ਦੀ ਆਲੋਚਨਾ ਕੀਤੀ ਅਤੇ ਕਿਹਾ ਕਿ ਪੰਜਾਬ ਦਾ ਵਿਕਾਸ ਅੱਜ ਪੂਰੀ ਤਰ੍ਹਾਂ ਨਾਲ ਠੱਪ ਹੋ ਕੇ ਰਹਿ ਗਿਆ ਏ ਤੇ ਨੌਜਵਾਨ ਪੀੜ੍ਹੀ ਨਸ਼ੇ ਦੀ ਲਪੇਟ ਵਿੱਚ ਆ ਰਹੀ ਏ।

---------------------------------------------------------

ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਜਲੰਧਰ ਤੇ ਲੁਧਿਆਣਾ ਵਿੱਚ ਰੋਡ ਸ਼ੋ ਵਿਚ ਹਿੱਸਾ ਲਿਆ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਬਿਜਲੀ ਦਾ ਬਿੱਲ ਜ਼ੀਰੋ ਕੀਤਾ ਏ, ਸਿੱਖਿਆ ਫ੍ਰੀ ਕੀਤੀ ਏ ਅਤੇ ਮੁਹੱਲਾ ਕਲੀਨਿਕ ਬਣਾ ਕੇ ਸਿਹਤ ਸਹੂਲਤਾਂ ਦਿੱਤੀਆਂ ਗਈਆਂ ਨੇ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਲੁਧਿਆਣਾ ਸਮੇਤ

ਹੋਰਨਾਂ ਜਿਲ੍ਹਿਆਂ ਤੋਂ ਸਨਅਤਾਂ ਨੂੰ ਸੂਬੇ ਤੋਂ ਬਾਹਰ ਨਹੀਂ ਜਾਣ ਦਿੱਤਾ ਜਾਵੇਗਾ।

----------------------------------------------------

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਐਲਾਨ ਕੀਤਾ ਏ ਕਿ ਜਿਹੜੇ ਬੂਥ ਲੈਵਲ ਅਫਸਰ ਬੀ.ਐਲ.ਓਜ਼ ਆਪੋ-ਆਪਣੇ ਵੋਟ ਕੇਂਦਰਾਂ 'ਤੇ ਵੋਟਿੰਗ ਫੀਸਦ ਵਧਾਉਣਗੇ, ਉਨ੍ਹਾਂ ਨੂੰ ਦਫ਼ਤਰ ਵੱਲੋਂ ਇਨਾਮੀ ਰਾਸ਼ੀ ਦਿੱਤੀ ਜਾਵੇਗੀ। ਉਨਾਂ ਕਿਹਾ ਕਿ 2019 ਦੇ ਮੁਕਾਬਲੇ 10 ਫ਼ੀਸਦੀ ਜਾਂ ਇਸ ਤੋਂ ਵੱਧ ਵੋਟਰ ਫੀਸਦ ਵਿੱਚ ਵਾਧਾ ਕਰਨ ਵਾਲੇ ਬੀ.ਐਲ.ਓਜ਼ ਨੂੰ 5000 ਰੁਪਏ ਦਾ ਨਕਦ ਇਨਾਮ ਅਤੇ ਸੂਬਾ ਪੱਧਰੀ ਸਮਾਰੋਹ ਵਿੱਚ ਸਨਮਾਨਿਤ ਕੀਤਾ ਜਾਵੇਗਾ। ਇਸ ਤੋਂ ਇਲਾਵਾ ਜਿਹੜੇ ਵੋਟ ਕੇਂਦਰਾਂ ਉੱਤੇ ਵੋਟਿੰਗ ਫੀਸਦ 75 ਫ਼ੀਸਦੀ ਤੋਂ ਵੱਧ ਹੋਵੇਗੀ, ਉੱਥੋਂ ਦੇ ਬੀ.ਐਲ.ਓਜ਼ ਨੂੰ ਵੀ 5000 ਰੁਪਏ ਦੀ ਇਨਾਮੀ ਰਾਸ਼ੀ ਦਿੱਤੀ ਜਾਵੇਗੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਬੀ.ਐਲ.ਓਜ਼ ਵੋਟਰ ਸਲਿੱਪਾਂ ਅਤੇ ‘ਵੋਟਿੰਗ ਸੱਦਾ ਪੱਤਰ’ ਘਰ-ਘਰ ਜਾ ਕੇ ਖੁਦ ਵੰਡਣ ਅਤੇ ਇਹ ਜ਼ਿੰਮੇਵਾਰੀ ਕਿਸੇ ਹੋਰ ਨੂੰ ਨਾ ਸੌਂਪੀ ਜਾਵੇ। ਇਸ ਮੌਕੇ ਉਨ੍ਹਾਂ ਬੀ.ਐਲ.ਓਜ਼ ਅਤੇ ਸਵੀਪ

ਟੀਮਾਂ ਦੀ ਹੁਣ ਤੱਕ ਕੀਤੀ ਸ਼ਾਨਦਾਰ ਕਾਰਗੁਜ਼ਾਰੀ ਦੀ ਸ਼ਲਾਘਾ ਕੀਤੀ ਅਤੇ ਅਪੀਲ ਕੀਤੀ ਕਿ ਸਾਰੇ ਜ਼ਿਲ੍ਹੇ "ਇਸ ਵਾਰ 70 ਪਾਰ" ਦੇ ਟੀਚੇ ਦੀ ਪ੍ਰਾਪਤੀ ਲਈ ਵੋਟਾਂ ਪੈਣ ਤੱਕ ਆਪਣੀਆਂ ਗਤੀਵਿਧੀਆਂ ਜ਼ੋਰ-ਸ਼ੋਰ ਨਾਲ ਜਾਰੀ ਰੱਖਣ। ਵਧੀਕ ਮੁੱਖ ਚੋਣ ਅਧਿਕਾਰੀ ਹਰੀਸ਼ ਨਈਅਰ ਨੇ ਕਿਹਾ ਕਿ ਜ਼ਿਲ੍ਹਾ ਸਵੀਪ ਅਤੇ ਸੋਸ਼ਲ ਮੀਡੀਆ ਟੀਮਾਂ ਪੋਲਿੰਗ ਸਟੇਸ਼ਨਾਂ, ਮਾਡਲ ਵੋਟ ਕੇਂਦਰਾ , ਔਰਤਾਂ ਤੇ ਦਿਵਿਆਂਗ ਵਿਅਕਤੀਆਂ ਲਈ ਵੋਟ ਕੇਂਦਰਾਂ 'ਤੇ ਮੁਹੱਈਆ ਕਰਵਾਈਆਂ ਗਈਆਂ ਸਹੂਲਤਾਂ ਅਤੇ ਹੋਰ ਪਹਿਲਕਦਮੀਆਂ ਦੀ ਫੋਟੋਗ੍ਰਾਫੀ/ਵੀਡੀਓਗ੍ਰਾਫੀ ਕਰਨ। ਉਨ੍ਹਾਂ ਇਹ ਵੀ ਕਿਹਾ ਕਿ ਵੋਟਰਾਂ ਦੇ ਅਨੁਭਵ ਤੇ ਪ੍ਰਤੀਕਿਰਿਆਵਾਂ ਵੀ ਰਿਕਾਰਡ ਕੀਤੀਆਂ ਜਾਣ।

------------------------------------------------------------

ਪੰਜਾਬ ਵਿਚ ਪਿਛਲੇ ਕਈ ਦਿਨਾਂ ਤੋਂ ਜਬਰਦਸਤ ਕਹਿਰ ਢਾ ਰਹੀ ਝੁਲਸਾ ਦੇਣ ਵਾਲੀ ਗਰਮੀ ਦਾ ਜ਼ੋਰ ਹੁਣ ਲਗਾਤਾਰ ਵਧਦਾ ਹੀ ਜਾ ਰਿਹਾ ਏ। ਸਵੇਰ ਤੋਂ ਹੀ ਹਰ ਪਾਸਾ ਭੱਠੀ ਵਾਂਗ ਤਪ ਰਿਹਾ ਏ। ਇਸ ਨਾਲ ਜਨਜੀਵਨ ਬੁਰੀ ਤਰਾਂ ਨਾਲ ਪ੍ਰਭਾਵਤ ਹੋਇਆ ਏ। ਬਠਿੰਡਾ ਵਿੱਖੇ

ਕਲ ਵੱਧ ਤੋਂ ਵੱਧ ਤਾਪਮਾਨ 48 ਇਸ਼ਰੀਆ 4 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਮੌਸਮ ਵਿਭਾਗ ਨੇ 31 ਮਈ ਤਕ ਜਬਰਦਸਤ ਗਰਮੀ ਤੇ ਲੂ ਸੰਬੰਧੀ ਯੈਲੋ, ਓਰੇਂਜ ਅਤੇ ਰੇਡ ਅਲਰਟ ਜਾਰੀ ਕੀਤਾ ਏ। ਅਤ ਦੀ ਇਸ ਗਰਮੀ ਨੇ ਲੋਕਾਂ ਦੀ ਬਸ ਕਰਵਾ ਦਿੱਤੀ ਏ ਅਤੇ ਉਹ ਬੇਹੱਦ ਹੀ ਪਰੇਸ਼ਾਨ ਨੇ। ਕੌਮੀ ਆਫ਼ਤ ਪ੍ਰਬੰਧਨ ਅਥਾਰਿਟੀ ਨੇ ਲੂ ਦੇ ਇਸ ਗੰਭੀਰ ਹਾਲਾਤ ਨੂੰ ਵੇਖਦਿਆਂ ਲੋਕਾਂ ਨੂੰ ਪੂਰੀ ਸਾਵਧਾਨੀ ਵਰਤਣ ਦੀ ਸਲਾਹ ਦਿੱਤੀ ਏ।

*ਵੇਰਵੇ ਨਾਲ ਇਹ ਰਿਪੋਰਟ : ਡਿਸਪੈਚ: ਕੌਮੀ ਆਫ਼ਤ ਪ੍ਰਬੰਧਨ ਅਥਾਰਿਟੀ ਨੇ ਲੋਕਾਂ ਨੂੰ ਸਲਾਹ ਦੇਂਦਿਆਂ ਕਿਹਾ ਏ ਕਿ ਸਿੱਧੀ ਧੁੱਪ ਵਿਚ ਬਾਹਰ ਨਿਕਲਣ ਤੋਂ ਬਚੋ, ਛਾਂ ਵਿੱਚ ਰਹੋ। ਸਵੇਰੇ 11 ਵਜੇ ਤੋਂ ਸ਼ਾਮ 4 ਵਜੇ ਤਕ ਬਾਹਰ ਜਾਣ ਤੋਂ ਪਰਹੇਜ ਕਰੋ। ਜਰੂਰੀ ਮਿਕਦਾਰ ਵਿਚ ਪਾਣੀ ਪਿਓ। ਸਿਰ ਨੂੰ ਟੋਪੀ ਜਾਂ ਤੋਲੀਏ ਨਾਲ ਢੱਕ ਕੇ ਰੱਖੋ। ਜੇਕਰ ਕਿਸੇ ਨੂੰ ਲੂ ਲੱਗੀ ਹੋਵੇ ਤਾਂ ਉਸਨੂੰ ਆਈਸਪੈਕ ਤੇ ਠੰਡੇ ਪਾਣੀ ਨਾਲ ਠੰਡਾ ਕਰੋ ਅਤੇ ਤੁਰੰਤ ਹਸਪਤਾਲ ਲੈਕੇ ਜਾਓ, ਘਰ ਵਿੱਚ ਨਮਕ ਤੇ ਖੰਡ ਵਾਲੇ ਪਾਣੀ ਦਾ ਘੋਲ ਇਲਕਟ੍ਰੋ ਲਾਇਟ੍ਰਸ ਰੱਖੋ।*

ਬੱਚਿਆਂ ਤੇ ਬਜ਼ੁਰਗਾਂ ਨੂੰ ਲੂ ਲੱਗਣ ਦਾ ਖਤਰਾ ਵਧੇਰੇ ਹੁੰਦਾ ਏ ਇਸ ਲਈ ਇਨਾਂ ਦਾ ਖਾਸ ਧਿਆਨ ਰੱਖੋ। ਬੱਚਿਆਂ ਨੂੰ ਲੂ ਤੋਂ ਬਚਾਉਣ ਲਈ ਹਮੇਸ਼ਾ ਆਪਣੇ ਨਾਲ ਪਾਣੀ ਦੀ ਬੋਤਲ ਰੱਖੋ, ਨੀਮਬੂ ਪਾਣੀ, ਲੱਸੀ, ਨਾਰਿਯਲ ਪਾਣੀ ਅਤੇ ਤਾਜੇ ਫਲਾਂ ਦੇ ਜੂਸ ਦੀ ਲਗਾਤਾਰ ਵਰਤੋਂ ਕਰੋ। ਹਲਕੇ ਰੰਗ ਦੇ ਢਿਲੇ ਸੂਤੀ ਕੱਪੜੇ ਪਹਿਨੋ, ਗਰਮੀ ਦੇ ਮੌਸਮ ਵਿਚ ਜੰਕ ਫ਼ੂਡ ਦੀ ਵਰਤੋਂ ਨਾ ਕਰੋ, ਜੇ ਕਰ ਬੱਚਿਆਂ ਨੂੰ ਚੱਕਰ ਆਵੇ, ਉਲਟੀ, ਘਬਰਾਹਟ ਜਾਂ ਤੇਜ ਸਿਰ ਪੀੜ ਹੋਵੇ, ਛਾਤੀ ਵਿਚ ਪੀੜ ਹੋਵੇ ਜਾਂ ਸਾਹ ਲੈਣ ਵਿਚ ਤਕਲੀਫ ਹੋ ਰਹੀ ਹੋਵੇ ਤਾਂ ਤੁਰੰਤ ਡਾਕਟਰ ਦੀ ਮਦਦ ਲਵੋ ਈ ਯਕੀਨਨ ਕੁਝ ਅਜਿਹੀਆਂ ਅਹਿਮ ਸਾਵਧਾਨੀਆਂ ਵਰਤ ਕੇ ਤੇਜ ਗਰਮੀ ਅਤੇ ਲੂ ਤੋਂ ਆਪਣਾ ਤੇ ਆਪਣੇ ਹੋਰ ਪਰਿਵਾਰਕ ਮੇਮ੍ਬ੍ਰਾਂ ਦਾ ਬਚਾਵ ਕੀਤਾ ਜਾ ਸਕਦਾ ਏ।

ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ